## ਅੱਜ ਨਾਮਾ

ਫੜਦੀਆਂ ਰਹਿਣ ਏਜੰਸੀਆਂ ਰੋਜ਼ ਬੇਸ਼ੱਕ,
ਫਿਰ ਵੀ ਕਾਬੂ ਅਪਰਾਧੀ ਨਾ ਆਏ ਬੇਲੀ।
ਸੋਸ਼ਲ ਮੀਡੀਆ ਤੋਂ ਧਮਕੀ ਆਏ ਪਹਿਲਾਂ,
ਦੱਸ ਕੇ ਜਾਣ ਫਿਰ ਜੁਰਮ ਕਰਵਾਏ ਬੇਲੀ।
ਦਾਅਵਾ ਬੇਸ਼ੱਕ ਸਰਕਾਰ ਹੈ ਲੱਖ ਕਰਦੀ,
ਅੰਕੜੇ ਅਸਲ ਨਹੀਂ ਜਾਣ ਲੁਕਾਏ ਬੇਲੀ।
ਪੁਰਾਣੀ ਆੜੀ ਅਪਰਾਧੀਆਂ-ਆਗੂਆਂ ਦੀ,
ਫਸਣ ਤਾਂ ਯਾਰ ਕੋਈ ਆਣ ਬਚਾਏ ਬੇਲੀ।
ਚੱਲਦਾ ਇਲਾਜ ਤੋਂ ਵਧੇ ਪਿਆ ਰੋਗ ਜਿੱਥੇ,
ਸੁਣੀਂਦੀ ਡਾਕਟਰਾਂ ਦੀ ਬਾਹਲੀ ਧੁੰਮ ਬੇਲੀ।
ਅਟਕਲ-ਪੱਚੂ ਜਿਹਾ ਚੱਲਦਾ ਕੰਮ ਲੱਗਦਾ,
ਨੁਸਖਾ ਹੋ ਗਿਆ ਅਸਲ ਕੋਈ ਗੁੰਮ ਬੇਲੀ।

**ਤੀਸ ਮਾਰ ਖਾਂ**

# ਸੂਬਾ ਸਰਕਾਰ ਦੀਆਂ ਲਗਾਤਾਰ ਕੋਸ਼ਿਸ਼ਾਂ ਕਾਰਨ ਭਾਰਤ ਸਰਕਾਰ ਨੇ ਮੋਹਾਲੀ ਹਵਾਈ ਅੱਡੇ ਦਾ ਨਾਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਮ 'ਤੇ ਰੱਖਣ ਦਾ ਫੈਸਲਾ ਕੀਤਾ : ਮੁੱਖ ਮੰਤਰੀ



ਚੰਡੀਗੜ੍ਹ, 25 ਸਤੰਬਰ (ਪੋਸਟ ਬਿਊਰੋ): ਮੋਹਾਲੀ ਹਵਾਈ ਅੱਡੇ ਦਾ ਨਾਮ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਮ ਉਤੇ ਰੱਖਣ ਦੇ ਫੈਸਲੇ ਦਾ ਸਵਾਗਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਸੂਬਾ ਸਰਕਾਰ ਵੱਲੋਂ ਕੀਤੀਆਂ ਅਣਥੱਕ ਕੋਸ਼ਿਸ਼ਾਂ ਦਾ ਨਤੀਜਾ ਹੈ।

ਇੱਥੇ ਜਾਰੀ ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੇ ਪ੍ਰੋਗਰਾਮ 'ਮਨ ਕੀ ਬਾਤ' ਵਿੱਚ ਇਸ ਹਵਾਈ ਅੱਡੇ ਦਾ ਨਾਮ ਮਹਾਨ ਸ਼ਹੀਦ ਦੇ ਨਾਮ ਉਤੇ ਰੱਖਣ ਦੇ ਕੀਤੇ ਐਲਾਨ ਨਾਲ ਸਮੁੱਚੇ ਦੇਸ਼ ਵਿੱਚ ਖ਼ੁਸ਼ੀ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਤੇ ਹਰੇਕ ਪੰਜਾਬੀ ਲਈ ਸੁਫ਼ਨਾ ਸਾਕਾਰ ਹੋਣ ਦੇ ਬਰਾਬਰ ਹੈ ਕਿਉਂਕਿ ਸੂਬਾ ਸਰਕਾਰ ਨੇ ਇਸ ਸਬੰਧੀ ਪੂਰੀ ਸ਼ਿੱਦਤ ਨਾਲ ਕੋਸ਼ਿਸ਼ਾਂ ਕੀਤੀਆਂ।

### ਪ੍ਰਧਾਨ ਮੰਤਰੀ ਦੇ ਐਲਾਨ ਨਾਲ ਹਰੇਕ ਪੰਜਾਬੀ ਦਾ ਸੁਫ਼ਨਾ ਪੂਰਾ ਹੋਇਆ

ਭਗਵੰਤ ਮਾਨ ਨੇ ਕਿਹਾ ਕਿ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਂ ਉਤੇ ਰੱਖਣ ਬਾਰੇ ਸਹਿਮਤੀ ਬਣਾਉਣ ਲਈ ਉਨ੍ਹਾਂ ਹਰਿਆਣਾ ਦੇ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨਾਲ ਵਿਸਤਾਰ ਨਾਲ ਵਿਚਾਰ-ਵਟਾਂਦਰਾ ਕੀਤਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਂ ਉਤੇ ਰੱਖਣ ਲਈ ਭਾਰਤ ਸਰਕਾਰ ਨੂੰ ਚਿੱਠੀ ਵੀ ਲਿਖੀ ਸੀ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਮੰਗ ਕੀਤੀ ਸੀ ਕਿ ਇਸ ਮਹੀਨੇ 28 ਤਰੀਕ ਨੂੰ ਸ਼ਹੀਦ-ਏ-ਆਜ਼ਮ ਦੇ ਜਨਮ ਦਿਹਾੜੇ ਤੋਂ ਪਹਿਲਾਂ ਇਸ ਦਾ ਜ਼ਰੂਰ ਐਲਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਕੀਤਾ ਐਲਾਨ ਇਨ੍ਹਾਂ ਕੋਸ਼ਿਸ਼ਾਂ ਦਾ ਹੀ ਨਤੀਜਾ ਹੈ ਅਤੇ ਇਹ ਸ਼ਹੀਦ ਨੂੰ ਸੱਚੀ ਸ਼ਰਧਾਂਜਲੀ ਹੈ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਅੰਗਰੇਜ਼ਾਂ ਖ਼ਿਲਾਫ਼ ਲੜਾਈ ਦੌਰਾਨ ਮਾਤ ਭੂਮੀ ਲਈ ਆਪਣਾ ਜੀਵਨ ਕੁਰਬਾਨ ਕਰਨ ਵਾਲੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਾਡੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦ ਦੇ ਜੂਲੇ ਹੇਠੋਂ ਕੱਢਣ ਲਈ ਸ਼ਹੀਦ ਭਗਤ ਸਿੰਘ ਨੇ ਸਭ ਤੋਂ ਵੱਡੀ ਕੁਰਬਾਨੀ ਦਿੱਤੀ। ਭਗਵੰਤ ਮਾਨ ਨੇ ਕਿਹਾ ਕਿ ਇਸ ਮਹਾਨ ਕ੍ਰਾਂਤੀਕਾਰੀ ਵੱਲੋਂ ਦੇਖੇ ਸੁਪਨੇ ਮੁਤਾਬਕ ਸਮਾਜ ਦੇ ਹਰੇਕ ਵਰਗ ਦੀ ਭਲਾਈ ਅਤੇ ਪੰਜਾਬ ਨੂੰ ਤਰੱਕੀ ਤੇ ਖ਼ੁਸ਼ਹਾਲੀ ਦੀਆਂ ਰਾਹਾਂ ਉਤੇ ਲੈ ਜਾਣਾ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ।

# ਐਮਪੀ ਖਹਿਰਾ ਨੇ ਐਨਐਚਐਸਪੀ ਲਈ ਪ੍ਰਸਤਾਵਾਂ ਦੀ ਕੀਤੀ ਮੰਗ




ਓਨਟਾਰੀਓ, 25 ਸਤੰਬਰ (ਪੋਸਟ ਬਿਊਰੋ) : ਬੀਤੇ ਦਿਨੀਂ ਮਨਿਸਟਰ ਆਫ ਸੀਨੀਅਰਜ਼ ਕਮਲ ਖਹਿਰਾ ਨੇ ਨਿਊ ਹੋਰਾਈਜ਼ਨਜ਼ ਫੌਰ ਸੀਨੀਅਰਜ਼ ਪ੍ਰੋਗਰਾਮ (ਐਨਐਚਐਸਪੀ) ਲਈ ਪ੍ਰਸਤਾਵਾਂ ਦੀ ਮੰਗ ਕੀਤੀ।

ਐਨਐਚਐਸਪੀ ਫੈਡਰਲ ਗ੍ਰਾਂਟਸ ਤੇ ਕੌਂਟ੍ਰੀਬਿਊਸ਼ਨ ਪ੍ਰੋਗਰਾਮ ਹੈ ਜਿਸ ਦਾ ਟੀਚਾ ਬਜ਼ੁਰਗਾਂ ਨੂੰ ਕਮਿਊਨਿਟੀ ਵਿੱਚ ਸਰਗਰਮ ਤੇ ਹੋਰਨਾਂ ਕੰਮਾਂ ਵਿੱਚ ਰੁੱਝਿਆ ਰੱਖਣ ਵਾਲੇ ਪ੍ਰੋਜੈਕਟਾਂ ਦੀ ਮਦਦ ਕਰਨਾ ਹੈ। ਹਰ ਸਾਲ ਕੈਨੇਡਾ ਭਰ ਦੀਆਂ ਸੰਸਥਾਂਵਾਂ ਨੂੰ ਕਮਿਊਨਿਟੀ ਅਧਾਰਤ ਪ੍ਰੋਜੈਕਟਸ ਲਈ ਪ੍ਰਸਤਾਵਾਂ ਰਾਹੀਂ ਐਨਐਚਐਸਪੀ ਫੰਡਿੰਗ ਲਈ ਅਪਲਾਈ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪ੍ਰੋਜੈਕਟਸ ਸੀਨੀਰਜ਼ ਨੂੰ ਆਪਣੀਆਂ ਕਮਿਊਨਿਟੀਜ਼ ਵਿੱਚ ਸਸ਼ਕਤ ਕਰਨ ਤੇ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਲਈ ਚਲਾਏ ਜਾਂਦੇ ਹਨ।

ਇਨ੍ਹਾਂ ਪ੍ਰੋਜੈਕਟਸ ਲਈ 25,000 ਡਾਲਰ ਤੱਕ ਦੀ ਗ੍ਰਾਂਟ ਫੰਡਿੰਗ ਮੁਹੱਈਆ ਕਰਵਾਈ ਜਾਂਦੀ ਹੈ। ਇਹ ਪ੍ਰਸਤਾਵ ਪਹਿਲੀ ਨਵੰਬਰ, 2022 ਤੱਕ ਖੁੱਲ੍ਹੇ ਰਹਿਣਗੇ।

# ਚੰਡੀਗੜ੍ਹ ਯੂਨੀਵਰਸਿਟੀ ਮਾਮਲਾ: ਪੰਜਾਬ ਪੁਲਿਸ ਨੇ ਅਰੁਣਾਚਲ ਪ੍ਰਦੇਸ਼ ਤੋਂ ਇੱਕ ਫੌਜੀ ਨੂੰ ਕੀਤਾ ਗ੍ਰਿਫਤਾਰ

**- ਚੰਡੀਗੜ੍ਹ ਯੂਨੀਵਰਸਿਟੀ ਕੇਸ ਵਿੱਚ ਇਹ ਚੌਥੀ ਗ੍ਰਿਫਤਾਰੀ : ਡੀਜੀਪੀ -ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਮਾਮਲੇ ਦੀ ਤਹਿ ਤੱਕ ਪਹੁੰਚ ਕੀਤੀ ਜਾਵੇਗੀ, ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ**

ਚੰਡੀਗੜ੍ਹ, 25 ਸਤੰਬਰ (ਪੋਸਟ ਬਿਊਰੋ): ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਇੱਥੇ ਦੱਸਿਆ ਕਿ ਚੰਡੀਗੜ ਯੂਨੀਵਰਸਿਟੀ ਮਾਮਲੇ ਵਿੱਚ ਚੌਥੀ ਗ੍ਰਿਫਤਾਰੀ ਕਰਦੇ ਹੋਏ ਪੰਜਾਬ ਪੁਲਿਸ ਨੇ ਸ਼ਨੀਵਾਰ ਨੂੰ ਅਰੁਣਾਚਲ ਪ੍ਰਦੇਸ਼ ਵਿੱਚ ਤਾਇਨਾਤ ਇੱਕ ਫੌਜੀ ਜਵਾਨ ਨੂੰ ਗ੍ਰਿਫਤਾਰ ਕੀਤਾ ਹੈ।

ਗ੍ਰਿਫਤਾਰ ਕੀਤੇ ਗਏ ਮੁਲਜਮ ਦੀ ਪਛਾਣ ਸੰਜੀਵ ਸਿੰਘ ਵਜੋਂ ਹੋਈ ਹੈ, ਜਿਸ 'ਤੇ ਮੁਲਜਮ ਵਿਦਿਆਰਥਣ ਨੂੰ ਬਲੈਕਮੇਲ ਕਰਨ ਦਾ ਸ਼ੱਕ ਹੈ।

ਇਹ ਕਾਰਵਾਈ , ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਲਈ , ਏਡੀਜੀਪੀ ਕਮਿਊਨਿਟੀ ਅਫੇਅਰਜ ਡਿਵੀਜਨ ਅਤੇ ਮਹਿਲਾ ਮਾਮਲਿਆਂ ਬਾਰੇ ਗੁਰਪ੍ਰੀਤ ਕੌਰ ਦਿਓ ਦੀ ਸਮੁੱਚੀ ਨਿਗਰਾਨੀ ਹੇਠ ਤਿੰਨ ਮੈਂਬਰੀ ਆਲ ਵੂਮੈਨ ਸਪੈਸ਼ਲ ਇਨਵੈਸਟੀਗੇਸ਼ਨ ਟੀਮ (ਐਸ.ਆਈ.ਟੀ.) ਦੇ ਗਠਨ, ਦੇ ਹੁਕਮ ਦਿੱਤੇ ਜਾਣ ਤੋਂ ਕੁਝ ਦਿਨ ਬਾਅਦ ਸਾਹਮਣੇ ਆਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਫੋਰੈਂਸਿਕ ਅਤੇ ਡਿਜੀਟਲ ਸਬੂਤਾਂ ਦੇ ਆਧਾਰ 'ਤੇ ਐਸ.ਏ.ਐਸ.ਨਗਰ ਤੋਂ ਪੁਲਿਸ ਟੀਮ ਨੂੰ ਦੋਸ਼ੀ ਨੂੰ ਗ੍ਰਿਫਤਾਰ ਕਰਨ ਲਈ ਅਰੁਣਾਚਲ ਪ੍ਰਦੇਸ਼ ਰਵਾਨਾ ਕੀਤਾ ਗਿਆ ਸੀ।

ਉਨਾਂ ਦੱਸਿਆ ਕਿ ਦੋਸ਼ੀ ਫੌਜੀ ਜਵਾਨ ਨੂੰ ਅਰੁਣਾਚਲ ਪ੍ਰਦੇਸ਼ ਪੁਲਿਸ, ਅਸਾਮ ਪੁਲਿਸ ਅਤੇ ਅਰੁਣਾਚਲ ਪ੍ਰਦੇਸ਼ ਦੇ ਆਰਮੀ ਅਧਿਕਾਰੀਆਂ ਦੇ ਸਹਿਯੋਗ ਨਾਲ ਅਰੁਣਾਚਲ ਪ੍ਰਦੇਸ਼ ਦੇ ਸੇਲਾ ਪਾਸ ਤੋਂ ਗ੍ਰਿਫਤਾਰ ਕੀਤਾ ਗਿਆ । ਉਨਾਂ ਦੱਸਿਆ ਕਿ ਐਸ.ਏ.ਐਸ.ਨਗਰ ਪੁਲਿਸ ਨੇ ਮੁਲਜਮ ਨੂੰ ਐਸ.ਏ.ਐਸ ਨਗਰ ਦੇ ਮੈਜਿਸਟ੍ਰੇਟ ਸਾਹਮਣੇ ਪੇਸ਼ ਕਰਨ ਲਈ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ (ਸੀਜੇਐਮ) ਬੋਮਡੀਲਾ ਦੀ ਅਦਾਲਤ ਤੋਂ ਦੋ ਦਿਨ ਦਾ ਟਰਾਂਜਜਿਟ ਰਿਮਾਂਡ ਵੀ ਹਾਸਲ ਕਰ ਲਿਆ ਹੈ।

ਐਸ.ਏ.ਐਸ.ਨਗਰ ਪੁਲਿਸ ਨੇ ਪਹਿਲਾਂ ਹੀ ਵਿਦਿਆਰਥਣ ਸਣੇ ਤਿੰਨ ਅਤੇ ਹਿਮਾਚਲ ਪ੍ਰਦੇਸ਼ ਤੋਂ ਦੋ ਹੋਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਨਾਂ ਦੇ ਕਬਜੇ ਵਿੱਚੋਂ ਕੁਝ ਇਲੈਕਟ੍ਰਾਨਿਕ ਯੰਤਰ ਬਰਾਮਦ ਕੀਤੇ ਗਏ ਹਨ।

ਜਿਕਰਯੋਗ ਹੈ ਕਿ ਐਸ.ਪੀ ਕਾਊਂਟਰ ਇੰਟੈਲੀਜੈਂਸ ਲੁਧਿਆਣਾ ਰੁਪਿੰਦਰ ਕੌਰ ਭੱਟੀ ਦੀ ਅਗਵਾਈ ਵਾਲੀ ਐਸ.ਆਈ.ਟੀ. ਵੱਲੋਂ ਦੋ ਮੈਂਬਰਾਂ ਡੀ.ਐਸ.ਪੀ. ਖਰੜ-1 ਰੁਪਿੰਦਰ ਕੌਰ ਅਤੇ ਡੀਐਸਪੀ ਏਜੀਟੀਐਫ ਦੀਪਿਕਾ ਸਿੰਘ ਦੇ ਸਹਿਯੋਗ ਨਾਲ ਮਾਮਲੇ ਦੀ ਤੇਜੀ ਨਾਲ ਜਾਂਚ ਕੀਤੀ ਜਾ ਰਹੀ ਹੈ। ਡੀਜੀਪੀ ਪੰਜਾਬ ਨੇ ਕਿਹਾ ਕਿ ਇਸ ਮਾਮਲੇ ਵਿੱਚ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਇਨਸਾਫ ਹੋਵੇਗਾ।

ਦੱਸਣਯੋਗ ਹੈ ਕਿ ਐਫਆਈਆਰ ਨੰਬਰ 194 ਮਿਤੀ 18.09.20 22 ਨੂੰ ਆਈਪੀਸੀ ਦੀ ਧਾਰਾ 354 ਸੀ ਅਤੇ ਆਈ.ਟੀ ਐਕਟ ਦੀ ਧਾਰਾ 66 ਈ ਦੇ ਤਹਿਤ ਥਾਣਾ ਸਦਰ ਖਰੜ, ਐਸ.ਏ.ਐਸ.ਨਗਰ ਵਿਖੇ ਦਰਜ ਕੀਤਾ ਗਿਆ ਸੀ।






















# ਮੁੱਖ ਮੰਤਰੀ ਭਗਵੰਤ ਮਾਨ ਨੂੰ ਲੁਧਿਆਣਾ ਸਥਿਤ ਇਨਡੋਰ ਸਟੈਡੀਅਮ ਦਾ ਨਾਮਕਰਨ ਸੋਧ ਕੇ ਸ਼ਹੀਦ ਭਗਤ ਸਿੰਘ ਦੇ ਨਾਮ ’ਤੇ ਕਰਨ ਦੀ ਅਪੀਲ

ਚੰਡੀਗੜ੍ਹ, 25 ਸਤੰਬਰ (ਪੋਸਟ ਬਿਊਰੋ): ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਂ ਇੱਕ ਚਿੱਠੀ ਵਿੱਚ ਕਿਹਾ ਹੈ ਕਿ ਨਗਰ ਨਿਗਮ ਲੁਧਿਆਣਾ ਵੱਲੋਂ ਲਗਪਗ 70 ਕਰੋੜ ਦੀ ਲਾਗਤ ਨਾਲ ਤਿਆਰ ਕੀਤੇ ਪੱਖੋਵਾਲ ਰੋਡ ਸਥਿਤ ਇਨ ਡੋਰ ਸਟੇਡੀਅਮ ਦਾ ਬੁਨਿਆਦੀ ਤੌਰ ਤੇ ਨਾਮ ਸ਼ਹੀਦ ਭਗਤ ਸਿੰਘ ਜੀ ਦੇ ਨਾਮ ਤੇ ਰੱਖਿਆ ਗਿਆ ਸੀ ਪਰ 2016 ਚ ਉਦਘਾਟਨ ਵੇਲੇ ਸਿਰਫ਼ ਇਨਡੋਰ ਸਟੈਡੀਅਮ ਹੀ ਅੰਕਿਤ ਕੀਤਾ ਗਿਆ , ਜੋ ਕਿ ਸਰਾਸਰ ਗਲਤ ਹੈ।



ਇਹ ਸਟੇਡੀਅਮ ਜਵੱਦੀ ਕਲਾਂ (ਲੁਧਿਆਣਾ)ਪਿੰਡ ਦੀ ਸ਼ਾਮਲਾਟ ਵਿੱਚ ਹੁੰਦਾ ਸੀ, ਜਿੱਥੇ ਅਸੀਂ ਸ਼ਹੀਦ ਭਗਤ ਸਿੰਘ ਸਪੋਰਟਸ ਤੇ ਕਲਚਰਲ ਕਲੱਬ ਵੱਲੋਂ 1994 ਤੋਂ 1999 ਤੀਕ ਪ੍ਰੋ: ਨਿਰਪਜੀਤ ਕੌਰ ਗਿੱਲ ਯਾਦਗਾਰੀ ਫੁਟਬਾਲ ਟੂਰਨਾਮੈਂਟ ਕਰਵਾਉਂਦੇ ਰਹੇ ਹਾਂ। 1999 ਵਿੱਚ ਆਏ ਮੁੱਖ ਮਹਿਮਾਨ ਉਦੋਂ ਦੇ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਂਡਸਾ, ਉਦੋਂ ਦੇ ਮੇਅਰ ਅਪਿੰਦਰ ਸਿੰਘ ਗਰੇਵਾਲ ਅਤੇ ਕਮਿਸ਼ਨਰ ਸ. ਸੁਖਬੀਰ ਸਿੰਘ ਸੰਧੂ ਆਈ. ਏ. ਐੱਸ. ਨੇ ਸਾਡੀ ਬੇਨਤੀ ਪ੍ਰਵਾਨ ਕਰਕੇ ਇੱਥੇ ਆਧੁਨਿਕ ਸਹੂਲਤਾਂ ਵਾਲਾ ਸਟੇਡੀਅਮ ਬਣਾਉਣ ਦਾ ਐਲਾਨ ਕੀਤਾ ਸੀ।

ਇਸ ਨੂੰ ਉਸਾਰਨ ਲੱਗਿਆਂ ਪਤਾ ਲੱਗਾ ਕਿ ਇਸ ਵਿੱਚ ਰਾਸ਼ਟਰੀ ਮਿਆਰਾਂ ਵਾਲੀ ਫੁੱਟਬਾਲ ਗਰਾਊਂਡ ਤੇ 400 ਮੀਟਰ ਦਾ ਟਰੈਕ ਹੀ ਨਹੀਂ ਬਣ ਸਕਦਾ। ਸੋ ਇਸ ਪ੍ਰੋਜੈਕਟ ਨੂੰ ਨਗਰ ਨਿਗਮ ਨੇ ਸ਼ਹੀਦ ਭਗਤ ਸਿੰਘ ਇਨਡੋਰ ਸਟੇਡੀਅਮ ਵਿੱਚ ਤਬਦੀਲ ਕਰ ਲਿਆ। ਮੁੱਢਲੀ ਕਮੇਟੀ ਵਿਚ ਮੈਂਬਰ ਹੋਣ ਕਾਰਨ ਮੈਂ ਨਿਜੀ ਤੌਰ ਤੇ ਇਹ ਗੱਲਾਂ ਜਾਣਦਾ ਹਾਂ।

ਇਹ ਪ੍ਰੋਜੈਕਟ ਹੌਲੀ ਹੌਲੀ 2016 ਤੀਕ ਮੁਕੰਮਲ ਹੋਇਆ। ਉਦੋਂ ਦੀ ਅਕਾਲੀ ਬੀ ਜੇ ਪੀ ਸਰਕਾਰ ਨੇ ਇਸ ਦਾ ਨਾਮਕਰਨ ਅੰਕਿਤ ਕਰਨ ਲੱਗਿਆਂ ਸਿਰਫ਼ ਇਨਡੋਰ ਸਟੇਡੀਅਮ ਲਿਖ ਦਿੱਤਾ ਤੇ ਕਾਹਲੀ ਕਾਹਲੀ ਵਿੱਚ ਸ: ਸੁਖਬੀਰ ਸਿੰਘ ਬਾਦਲ ਤੋਂ ਉਦਘਾਟਨ ਵੀ ਕਰਵਾ ਲਿਆ।

ਸ਼ਹੀਦ ਭਗਤ ਸਿੰਘ ਜੀ ਦਾ ਨਾਮ ਕੱਟਣਾ, ਭਾਵੇਂ ਨਗਰ ਨਿਗਮ ਦੀ ਵੱਡੀ ਕੋਤਾਹੀ ਹੈ ਪਰ ਇਸ ਨੂੰ ਹੁਣ ਵੀ ਰੀਕਾਰਡ ਮੁਤਾਬਕ ਸੋਧਿਆ ਜਾ ਸਕਦਾ ਹੈ।

ਮੇਰੀ ਅਪੀਲ ਹੈ ਕਿ ਲਗਪਗ 70 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਇਸ ਇਨਡੋਰ ਸਟੇਡੀਅਮ ਦਾ ਨਾਮ ਕਰਨ ਸ਼ਹੀਦ ਭਗਤ ਸਿੰਘ ਇਨਡੋਰ ਸਟੇਡੀਅਮ ਕੀਤਾ ਜਾਵੇ।

ਇਹ ਵੀ ਦੱਸਣਾ ਜ਼ਰੂਰੀ ਹੈ ਕਿ ਇਹ ਇਨਡੋਰ ਸਟੈਡੀਅਮ ਸ਼ਹੀਦ ਭਗਤ ਸਿੰਘ ਨਗਰ ਵਿਚ ਹੀ ਸਥਿਤ ਹੈ।

ਇਥੇ ਇਹ ਦੱਸਣਾ ਵੀ ਜ਼ਰੂਰੀ ਹੈ ਕਿ ਇਸ ਖੇਡ ਢਾਂਚੇ ਦੀ ਪਿਛਲੇ ਸਮੇਂ ਵਿਚ ਕਦੇ ਵੀ ਇਸ ਦੀ ਸੁਯੋਗ ਵਰਤੋਂ ਖੇਡ ਮਕਸਦ ਲਈ ਨਹੀਂ ਹੋਈ। ਇਸ ਦਾ ਵੱਡਾ ਕਾਰਨ ਨਗਰ ਨਿਗਮ ਵੱਲੋਂ ਇਸ ਦਾ ਬਿਜਲੀ ਕੁਨੈਕਸ਼ਨ ਨਾ ਲੈਣਾ ਹੈ। ਨਾ ਹੀ ਖੇਡ ਵਿਭਾਗ ਨੇ ਇਸ ਬੁਨਿਆਦੀ ਖੇਡ ਢਾਂਚੇ ਦੀ ਵਰਤੋਂ ਲਈ ਕੋਈ ਗੰਭੀਰਤਾ ਵਿਖਾਈ ਹੈ।

ਇੱਕ ਪਾਸੇ ਤਾਂ ਅਸੀਂ ਖੇਡ ਢਾਂਚੇ ਲਈ ਪੈਸੇ ਦੀ ਅਣਹੋਂਦ ਕਾਰਨ ਤਰਸ ਰਹੇ ਹਾਂ ਜਦ ਕਿ ਦੂਜੇ ਪਾਸੇ ਬਣੇ ਬਣਾਏ ਢਾਂਚੇ ਨੂੰ ਨਹੀਂ ਵਰਤ ਰਹੇ।

ਬੇਨਤੀ ਹੈ ਕਿ ਸਾਰੀਆਂ ਇਨਡੋਰ ਖੇਡਾਂ ਲਈ ਬਣੇ ਇਸ ਕੌਮਾਂਤਰੀ ਪੱਧਰ ਦੇ ਸਟੇਡੀਅਮ ਨੂੰ ਵਰਤੋਂ ਵਿੱਚ ਲਿਆਉਣ ਲਈ ਖੇਡ ਵਿਭਾਗ ਪੰਜਾਬ ਨੂੰ ਵੀ ਆਦੇਸ਼ ਜਾਰੀ ਕੀਤੇ ਜਾਣ। ਪਤਾ ਲੱਗਾ ਹੈ ਕਿ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਤੇ ਤੁਸੀਂ ਖਟਕੜ ਕਲਾਂ ਜਾ ਰਹੇ ਹੋ ਅਤੇ ਮਗਰੋਂ ਲੁਧਿਆਣੇ ਵੀ ਆ ਰਹੇ ਹੋ।

ਸ਼ਹੀਦ ਭਗਤ ਸਿੰਘ ਨਗਰ ਦੇ ਸਾਬਕਾ ਕੌਂਸਲਰ ਤਨਵੀਰ ਸਿੰਘ ਧਾਲੀਵਾਲ , ਸਾਬਕਾ ਕੌਂਸਲਰ ਜਗਬੀਰ ਸਿੰਘ ਸੋਖੀ, ਉੱਘੇ ਲੋਕ ਗਾਇਕ ਸੁਰਿੰਦਰ ਛਿੰਦਾ ਤੇ ਕੁੱਕੂ ਬਾਜਵਾ ਜਰਮਨੀ ਨੇ ਵੀ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਇਸ ਸਟੈਡੀਅਮ ਦਾ ਨਾਮਕਰਨ ਸਹੀ ਕਰਵਾਉਣ ਵਿੱਚ ਸਬੰਧਿਤ ਧਿਰ ਨੂੰ ਆਦੇਸ਼ ਦਿੱਤਾ ਜਾਵੇ। ਖੇਡ ਵਿਭਾਗ ਨੂੰ ਵੀ ਇਸ ਦੀ ਵਰਤੋਂ ਯੋਗਤਾ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਜਾਣ।















